1/29192/2020

ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਉਸਾਰੀ ਕਿਰਤੀ ਬੋਰਡ ਦੇ ਮੈਂਬਰ ਬਣਨ ਲਈ 25 ਰੁਪਏ 'ਚ ਕਰਵਾ ਸਕਦੇ

ਹਨ ਆਨਲਾਈਨ ਰਜਿਸਟਰੇ੍ਰਸ਼ਨ-ਸਹਾਇਕ ਕਿਰਤ ਕਮਿਸ਼ਨਰ

*10 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਤਿੰਨ ਸਾਲ ਲਈ 360 ਰੁਪਏ ਅਤੇ 5 ਸਾਲ ਲਈ 600 ਰੁਪਏ ਫੀਸ ਆਨਲਾਈਨ ਜਮਾ ਕਰਵਾਉਣ ਦੀ ਲੋੜ

*ਉਸਾਰੀ ਕਿਰਤੀ ਕਿਸੇ ਦੇ ਝਾਂਸੇ 'ਚ ਨਾ ਆਉਣ, ਕਿਰਤ ਵਿਭਾਗ ਨਾਲ ਕਰਨ ਸਿੱਧਾ ਰਾਬਤਾ

ਫਾਜ਼ਿਲਕਾ, 31 ਮਈ:

ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ 'ਚ ਉਸਾਰੀ ਕਿਰਤੀ ਬੋਰਡ ਦੇ ਮੈਂਬਰ ਵੱਜੋਂ ਕੇਵਲ ਇਕ ਵਾਰ 25 ਰੁਪਏ ਰਜਿਸਟਰੇਸ਼ਨ ਫੀਸ ਨਾਲ ਸੁਵਿਧਾ ਕੇਂਦਰ ਜਾਂ ਸੀ.ਐਸ.ਸੀ. ਸੈਂਟਰ ਵਿੱਚ ਆਨਲਾਈਨ ਅਪਲਾਈ ਕਰਨਾ ਹੁੰਦਾ ਹੈ ਅਤੇ ਮੈਂਬਰਸ਼ਿਪ ਚਲਦੀ ਰੱਖਣ ਲਈ 10 ਰੁਪਏ ਪ੍ਰਤੀ ਮਹੀਨਾ ਦੀ ਦਰ ਨਾਲ ਅੰਸ਼ਦਾਨ ਦੀ ਰਕਮ ਘੱਟੋਂ ਘੱਟ ਤਿੰਨ ਸਾਲ ਲਈ 360 ਰੁਪਏ ਅਤੇ ਵੱਧ ਤੋਂ ਵੱਧ ਪੰਜ ਸਾਲ ਲਈ 600 ਰੁਪਏ ਦੇ ਆਨਲਾਈਨ ਫੀਸ ਜਮਾ ਕਰਾਉਣੀ ਹੁੰਦੀ ਹੈ। ਇਹ ਜਾਣਕਾਰੀ ਸਹਾਇਕ ਕਿਰਤ ਕਮਿਸ਼ਨਰ ਫਾਜ਼ਿਲਕਾ ਸ੍ਰੀ ਬਲਵਿੰਦਰ ਸਿੰਘ ਨੇ ਦਿੱਤੀ।

ਉਨਾਂ ਦੱਸਿਆ ਕਿ ਕੁੱਝ ਗੈਰ ਸਮਾਜਿਕ ਲੋਕ ਭੋਲੇ ਭਾਲੇ ਲੋਕਾਂ ਨੂੰ ਗੁੰਮਰਾਹ ਕਰਕੇ ਉਸਾਰੀ ਕਿਰਤੀ ਰਜਿਸਟਰਡ ਕਰਕੇ ਕਾਪੀ ਬਣਾਉਣ ਦੇ ਬਦਲੇ 'ਤੇ 1000 ਤੋਂ 1500 ਰੁਪਏ ਦੀ ਲੁੱਟ ਕਰ ਰਹੇ ਹਨ। ਉਨਾਂ ਕਿਹਾ ਅਜਿਹੇ ਸਮਾਜ ਵਿਰੋਧੀ ਅਨਸਰਾਂ ਤੋਂ ਸੁਚੇਤ ਰਹਿ ਕੇ ਕਿਰਤ ਵਿਭਾਗ ਦੇ ਦਫ਼ਤਰ ਵਿਖੇ ਉਸਾਰੀ ਕਿਰਤੀ ਸਿੱਧਾ ਰਾਬਤਾ ਕਰਨ। ਉਨਾਂ ਦੱਸਿਆ ਕਿ ਜਿਸ ਵਿਅਕਤੀ ਦੀ ਉਮਰ 18 ਤੋਂ 60 ਸਾਲ ਦੇ ਵਿਚਕਾਰ ਹੋਵੇ ਅਤੇ ਪਿਛਲੇ 12 ਮਹੀਨਿਆਂ ਦੌਰਾਨ ਪੰਜਾਬ ਵਿੱਚ 90 ਦਿਨ ਬਤੌਰ ਉਸਾਰੀ ਕਿਰਤੀ ਕੰਮ ਕੀਤਾ ਹੋਵੇ ਉਹ ਬੋਰਡ ਦੇ ਮੈਂਬਰ ਬਣ ਸਕਦੇ ਹਨ।

ਉਨਾਂ ਦੱਸਿਆ ਕਿ ਰਾਜ ਮਿਸਤਰੀ/ਇੱਟਾਂ/ਸੀਮਿੰਟ ਪਕੜਾਉਣ ਵਾਲੇ ਮਜਦੂਰ, ਪਲੰਬਰ/ਤਰਖਾਣ, ਵੈਲਡਰ, ਇਲੈਕਟ੍ਰੀਸ਼ੀਅਨ, ਸੀਵਰਮੈਨ, ਮਾਰਬਲ/ਟਾਇਲਾਂ ਲਗਾਉਣ ਵਾਲੇ, ਫਰਸ ਰਗੜਾਈ ਵਾਲੇ, ਪੇਂਟਰ, ਪੀ.ਓ.ਪੀ.ਕਰਨ ਵਾਲੇ, ਸੜਕਾਂ ਬਣਾਉਣ ਦਾ ਕੰਮ ਅਤੇ ਇਮਾਰਤਾਂ, ਸੜਕਾਂ, ਟੇਲੀਫੋਨ, ਤਾਰ, ਰੇਡੀਓ, ਰੋਲ ਹਵਾਈ ਅੱਡੇ ਆਦਿ ਵਿਖੇ ਉਸਾਰੀ ਮੁਰੰਮਤ, ਰੱਖ ਰਖਾਵ ਜਾਂ ਤੋੜ ਫੋੜ ਦੇ ਕੰਮ ਲਈ ਕੁਸ਼ਲ, ਅਰਧ ਕੁਸ਼ਲ ਕਾਰੀਗਰ ਜਾਂ ਮਿਹਨਤਾਨਾ ਲੈ ਕੇ ਕੰਮ ਕਰਦੇ ਹੋਣ, ਉਸਾਰੀ ਕਿਰਤੀ ਹੁੰਦੇ ਹਨ। ਇਸ ਤੋਂ ਇਲਾਵਾ ਭੱਠਿਆ ਤੇ ਪਥੇਰ, ਕੱਚੀ ਇੰਟ ਦੀ ਭਰਾਈ ਵਾਲੇ, ਟੈਂਟ ਲਗਾਉਣ ਵਾਲੇ, ਹੋਰਡਿੰਗ ਬੈਨਰ ਦਾ ਕੰਮ ਕਰਦੇ ਵਰਕਰ ਉਸਾਰੀ ਕਿਰਤੀ ਅਖਵਾਉਂਦੇ ਹਨ।

ਉਨਾਂ ਸਮੂਹ ਉਸਾਰੀ ਕਿਰਤੀਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਕੋਈ ਵਿਅਕਤੀ ਕਿਰਤ ਵਿਭਾਗ ਦੀ ਕਾਪੀ ਬਣਾਉਣ ਲਈ ਤਿੰਨ ਸਾਲ ਲਈ 360 ਜਾਂ ਪੰਜ ਸਾਲ ਲਈ 600 ਤੋਂ ਵੱਧ ਰਕਮ ਦੀ ਮੰਗ ਕਰਦਾ ਹੈ, ਤਾਂ ਦਫ਼ਤਰ ਸਹਾਇਕ ਕਿਰਤ ਕਮਿਸ਼ਨਰ ਫਾਜ਼ਿਲਕਾ ਕੋਲ ਸ਼ਿਕਾਇਤ ਕੀਤੀ ਜਾ ਸਕਦੀ ਹੈ।

1/29262/2020

ਸੂਚਨਾ ਤੇ ਜਿਲ੍ਹਾ ਲੋਕ ਸੰਪਰਕ ਦਫਤਰ ਫਾਜ਼ਿਲਕਾ

ਕੋਵਿਡ-19

ਨੈਸ਼ਨਲ ਐਨੀਮਲ ਡਿਜੀਜ਼ ਕੰਟਰੋਲ ਪ੍ਰੋਗਰਾਮ ਨੂੰ ਪਾਦਰਸ਼ੀ ਢੰਗ ਨਾਲ ਲਾਗੂ ਕੀਤਾ ਜਾਵੇ-ਡਿਪਟੀ ਕਮਿਸ਼ਨਰ

* ਪ੍ਰੋਗਰਾਮ ਨੂੰ ਸਫ਼ਲਤਾਪੂਰਵਕ ਨੇਪਰੇ ਚੜ੍ਹਾਉਣ ਲਈ ਜ਼ਿਲ੍ਹਾ ਪੱਧਰ ਅਤੇ ਤਹਿਸੀਲ

ਪੱਧਰ ’ਤੇ ਕਮੇਟੀਆਂ ਗਠਿਤ

ਫਾਜ਼ਿਲਕਾ, 31 ਮਈ :

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਕੈਂਪ ਆਫਿਸ ਵਿਖੇ ਕੋਵਿਡ-19 ਅਤੇ ਨੈਸ਼ਨਲ ਐਨੀਮਲ ਡਿਜੀਜ਼ ਕੰਟਰੋਲ ਪ੍ਰੋਗਰਾਮ ਤਹਿਤ 15 ਜੂਨ 2020 ਤੋਂ 31 ਜੁਲਾਈ 2020 ਤੱਕ ਪਸ਼ੂਆਂ ਵਿੱਚ ਮੂੰਹ ਦਖੁਰ ਦੀ ਵੈਕਸੀਨੇਸ਼ਨ ਦਾ ਕੰਮ ਮੁਕੰਮਲ ਕਰਨ ਸਬੰਧੀ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਜਾਰੀ ਕਰਦਿਆਂ ਕਿਹਾ ਕਿ ਪਸ਼ੂਆਂ ਨੰੂ ਬਿਮਾਰੀਆਂ ਤੋਂ ਬਚਾਉਣ ਲਈ ਇਸ ਯੋਜਨਾ ਨੰੂ ਪਾਰਦਰਸ਼ੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ।

ਸ. ਸੰਧੂ ਨੇ ਕਿਹਾ ਕਿ ਐਨੀਮਲ ਡਿਜੀਜ਼ ਕੰਟਰੋਲ ਪ੍ਰੋਗਰਾਮ ਤਹਿਤ ਸਮਾਂਬੱਧ ਢੰਗ ਨਾਲ ਹਰੇਕ ਪਸ਼ੂ ਦੀ ਵੈਕਸੀਨੇਸ਼ਨ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਕੋਈ ਵੀ ਪਸ਼ੂ ਬਿਮਾਰ ਨਾ ਹੋਵੇ। ਉਨ੍ਹਾਂ ਕਿਹਾ ਕਿ ਕੋਵਿਡ 19 ਦੇ ਸੰਕਟ ਨੰੂ ਧਿਆਨ ’ਚ ਰੱਖਦਿਆ ਹਰੇਕ ਪ੍ਰਕਿਰਿਆ ਵੇਲੇ ਸਾਮਾਜਿਕ ਦੂਰੀ ਬਣਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਪਿੰਡ ਪੱਧਰ ’ਤ ਪਸ਼ੂ ਪਾਲਕਾਂ ਨੰੂ ਸਰਕਾਰ ਦੇ ਇਸ ਪ੍ਰੋਗਰਾਮ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਸਰਕਾਰ ਦੇ ਪ੍ਰੋਗਰਾਮ ਨੰੂ ਸਫ਼ਲਤਾਪੂਰਵਕ ਨੇਪਰੇ ਚੜਾਉਣ ਲਈ ਜ਼ਿਲ੍ਹਾ ਪੱਧਰ ਅਤੇ ਤਹਿਸੀਲ ਪੱਧਰ ’ਤੇ ਕਮੇਟੀਆ ਗਠਿਤ ਕਰ ਦਿੱਤੀਆ ਗਈਆ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਕਮੇਟੀ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿ), ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਨਗਰ ਕੋਂਸਲ ਦੇ ਅਧਿਕਾਰੀ, ਡੀ.ਐਸ.ਪੀ. ਹੈਡਕੁਆਟਰ ਅਤੇ ਤਹਿਸੀਲ ਪੱਧਰ ’ਤੇ ਐਸ.ਡੀ.ਐਮ., ਤਹਿਸੀਲਦਾਰ, ਡੀ.ਐਸ.ਪੀ., ਬਲਾਕ ਵਿਕਾਸ ਅਫ਼ਸਰ, ਪਸ਼ੂ ਪਾਲਣ ਵਿਭਾਗ ਅਤੇ ਨਗਰ ਕੌਂਸਲ ਦੇ ਅਧਿਕਾਰੀ ਹੋਣਗੇ ਜੋ ਕਿ ਪ੍ਰੋਗਰਾਮ ਦੌਰਾਨ ਫੀਲਡ ਸਟਾਫ ਨੂੰ ਆਉਣ ਵਾਲੀ ਮੁਸ਼ਕਲਾਂ ਦਾ ਹਲ ਕਰਨਗੇ। ਉਨ੍ਹਾਂ ਕਿਹਾ ਕਿ ਇਸ ਮਿਥੇ ਪ੍ਰੋਗਰਾਮ ਅਧੀਨ ਹਰੇਕ ਪਸ਼ੂ ਦੀ ਵੈਕਸੀਨੇਸ਼ਨ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਕੋਈ ਵੀ ਪਸ਼ੂ ਬਿਮਾਰ ਨਾ ਹੋਵੇ।

ਇਸ ਮੌਕੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ.ਰਾਕੇਸ਼ ਕੁਮਾਰ ਗਰੋਵਰ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਕ 15 ਜੂਨ ਨੂੰ ਮੱਝਾਂ, ਗਾਵਾਂ, ਭੇਡ, ਬੱਕਰੀਆਂ ਅਤੇ ਸੂਰਾਂ ਵਿਚ ਮੂੰਹ ਖੁਰ ਦੀ ਬਿਮਾਰੀ ਦੀ ਵੈਕਸੀਨੇਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਸਾਰੇ ਪਸ਼ੁਆਂ ਦੇ ਕੰਨਾਂ ਵਿਚ ਨੈਸ਼ਨਲ ਡੇਅਰੀ ਡਿਵੈਲਪਮੈਂਟ ਬੋਰਡ ਵੱਲੋਂ ਜਾਰੀ ਈਅਰ ਟੈਗ ਪਾਉਣੇ ਜ਼ਰੂਰੀ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਈਅਰ ਟੈਗਾਂ ’ਤੇ ਬਾਰ੍ਹਾਂ ਨੰਬਰਾਂ ਵਾਲਾ ਕੋਡ ਲੱਗਿਆ ਹੁੰਦਾ ਹੈ ਜਿਸਨੂੰ ਆਈ.ਐਨ.ਏ.ਪੀ.ਐਚ. ਪੋਰਟਲ’ਤੇ ਚੜ੍ਹਾਉਣਾ ਜ਼ਰੂਰੀ ਹੋਵੇਗਾ।

ਉਨ੍ਹਾਂ ਦੱਸਿਆ ਕਿ ਮੂੰਹ ਖੁਰ ਦੀ ਬਿਮਾਰੀ ਨਾਲ ਪਸ਼ੂ ਦੇ ਮੂੰਹ ਅਤੇ ਖੁਰਾਂ ਵਿਚਾਲੇ ਛਾਲੇ, ਬੁਖਾਰ, ਮੂੰਹ ਵਿਚੋਂ ਲਾਰਾਂ ਵਗਦੀਆਂ ਹਨ ਅਤੇ ਪਸ਼ੂ ਖਾ ਪੀ ਨਹੀਂ ਸਕਦਾ, ਜਿਸ ਨਾਲ ਦੁੱਧ ਦੀ ਪੈਦਾਵਾਰ ਘੱਟ ਜਾਂਦੀ ਹੈ, ਵੱਛੀਆਂ ਦਾ ਵਾਧਾ ਰੁਕ ਜਾਂਦਾ ਹੈ, ਗੱਭਣ ਪਸ਼ੂਆਂ ਦੇ ਬੱਚਾ ਸੁੱਟਣ ਦਾ ਡਰ ਰਹਿੰਦਾ ਹੈ ਅਤੇ ਸੂਣ ਮਗਰੋਂ ਪਸ਼ੂ ਜਾਂ ਤਾਂ ਹੇਹੇ ਵਿਚ ਆਉਂਦਾ ਹੀ ਨਹੀਂ ਜਾਂ ਫਿਰ ਬਹੁਤ ਲੇਟ ਹੇਹੇ ਵਿਚ

ਆਉਂਦਾ ਹੈ ਜਿਸ ਨਾਲ ਪਸ਼ੂ ਪਾਲਕ ਦਾ ਨੁਕਸਾਨ ਹੁੰਦਾ ਹੈ।

ਇਸ ਮੌਕੇ ਸੀਨੀਅਰ ਵੈਟਨਰੀ ਅਫਸਰ ਡਾ.ਵਿਮਲ ਕੁਮਾਰ ਜੌਲੀ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੁਖਪਾਲ ਸਿੰਘ, ਪੁਲਿਸ ਵਿਭਾਗ ਤੋਂ ਸੰਜੀਵ ਕੁਮਾਰ ਤੋਂ ਇਲਾਵਾ ਹੋਰਨਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

1/29266/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਕੋਵਿਡ-19

ਜ਼ਿਲ੍ਹੇ ’ਚ 66,783 ਕੁਇੰਟਲ ਕਣਕ ਅਤੇ 3035 ਕੁਇੰਟਲ

ਦਾਲ ਦੀ ਕੀਤੀ ਵੰਡ-ਰਾਜ ਰਿਸ਼ੀ ਮਹਿਰਾ

*ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਤਹਿਤ

75 ਫੀਸਦੀ ਅਨਾਜ ਦੀ ਵੰਡ ਮੁਕੰਮਲ ਹੋਈ

ਫ਼ਾਜ਼ਿਲਕਾ, 31 ਮਈ

ਜ਼ਿਲ੍ਹੇ ਵਿੱਚ ਕੋਵਿਡ ਲੋਕਡਾਊਨ ਦੌਰਾਨ ਗਰੀਬ ਪਰਿਵਾਰਾਂ ਨੂੰ ਰਾਹਤ ਦੇਣ ਲਈ ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਤਹਿਤ ਕਰੀਬ 75 ਫੀਸਦੀ ਅਨਾਜ ਦੀ ਵੰਡ ਮੁਕੰਮਲ ਕਰ ਲਈ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਰਾਜ ਰਿਸ਼ੀ ਮਹਿਰਾ ਨੇ ਦੱਸਿਆ ਕਿ ਖੁਰਾਕ ਤੇ ਸਪਲਾਈ ਮੰਤਰੀ ਸ੍ਰੀ ਭਾਰਤ ਭੂਸ਼ਣ ਆਸ਼ੂ ਦੀਆਂ ਹਦਾਇਤਾਂ ਅਨੁਸਾਰ ਪਾਰਦਰਸ਼ੀ ਤਰੀਕੇ ਨਾਲ ਅਨਾਜ ਦੀ ਵੰਡ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 1,55,615 ਸਮਾਰਟ ਰਾਸ਼ਨ ਕਾਰਡ ਧਾਰਕਾਂ ਵਿਚੋਂ 1,16,984 ਲਾਭਪਾਤਰੀ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਕਰ ਦਿੱਤੀ ਗਈ ਹੈ, ਜਿਸ ਤਹਿਤ 66,783 ਕੁਇੰਟਲ ਕਣਕ ਅਤੇ 3035 ਕੁਇੰਟਲ ਦਾਲ ਵੰਡੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਅੱਜ ਕਰੀਬ 8 ਹਜ਼ਾਰ ਲਾਭਪਾਤਰੀ ਪਰਿਵਾਰਾਂ ਨੂੰ ਰਾਸ਼ਨ ਦੀ ਵੰਡ ਕੀਤੀ ਗਈ। ਇਸ ਅਨਾਜ ਵੰਡ ਤਹਿਤ ਗਰੀਬ ਪਰਿਵਾਰਾਂ ਨੂੰ 5 ਕਿੱਲੋਗ੍ਰਾਮ ਪ੍ਰਤੀ ਜੀਅ ਪ੍ਰਤੀ ਮਹੀਨਾ ਕਣਕ ਅਤੇ ਇੱਕ ਕਿਲੋਗ੍ਰਾਮ ਪ੍ਰਤੀ ਪਰਿਵਾਰ ਪ੍ਰਤੀ ਮਹੀਨਾ ਦਾਲ ਦਿੱਤੀ ਜਾ ਰਹੀ ਹੈ। ਇਹ ਅਨਾਜ ਅਪਰੈਲ ਤੋਂ ਜੂਨ ਤੱਕ ਤਿੰਨ ਮਹੀਨਿਆਂ ਦਾ ਦਿੱਤਾ ਜਾ ਰਿਹਾ ਹੈ, ਜਿਸ ਤਹਿਤ ਉਨ੍ਹਾਂ ਪਾਸੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 584 ਰਾਸ਼ਨ ਡਿੱਪੂਆਂ ਰਾਹੀਂ ਕੀਤੀ ਜਾ ਰਹੀ ਅਨਾਜ ਦੀ ਵੰਡ ਦੌਰਾਨ ਲੋਕਾਂ ਨੂੰ ਸਹੀ ਤੋਲ ਤੇ ਪੂਰੀ ਮਾਤਰਾ ਵਿੱਚ ਕਣਕ ਤੇ ਦਾਲ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਅਗਲੇ  ਹਫ਼ਤੇ ਵਿੱੱਚ ਇਨ੍ਹਾਂ ਪਰਿਵਾਰਾਂ ਦਰਮਿਆਨ ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਤਹਿਤ ਅਨਾਜ ਦੀ ਵੰਡ ਨੂੰ ਮੁਕੰਮਲ ਕਰ ਲਿਆ ਜਾਵੇਗਾ।